ਦਫਤਰ ਡਾਇਰੈਕਟਰ ਸਿੱਖਿਆ ਵਿਭਾਗ (ਸੈ.ਸਿ.) ਪੰਜਾਬ, ਐਸ.ਏ.ਐਸ.ਨਗਰ।

ਹੁਕਮ ਨੰ: 6/289-10 ਅ-2 (3) (ਕੋ:ਸੈਲ (2) )
ਮਿਤੀ, ਐਸ.ਏ.ਐਸ.ਨਗਰ :- 27-08-15

ਸ਼੍ਰੀਮਤੀ ਹਰਪ੍ਰੀਤ ਕੌਰ, ਸ.ਸ. ਮਿਸਟ੍ਰੈਸ, ਸ.ਹ.ਸ ਕ੍ਰਿਸ਼ਨਪੁਰਾ ਕਲਾਂ, ਜ਼ਿਲ੍ਹਾ ਮੋਗਾ ਜੋ ਮਿਤੀ 15-03-2004 ਤੋਂ ਸਰਕਾਰੀ ਡਿਊਟੀ ਤੋਂ ਲਗਾਤਾਰ ਅਣ-ਅਧਿਕਾਰਤ ਤੌਰ ਤੇ ਗੈਰ ਹਾਜਰ ਚੱਲੀ ਆ ਰਹੀ ਹੈ, ਨੂੰ ਇਸ ਦਫਤਰ ਦੇ ਪੱਤਰ ਨੰ: 6/289-10 ਅ-2 (3) ਮਿਤੀ 21-04-11/ 31-05-11 ਰਾਹੀਂ ਪੰਜਾਬ ਸਿਵਲ ਸੇਵਾਵਾਂ (ਸਜ਼ਾ ਅਤੇ ਅਪੀਲ) ਨਿਯਮਾਂਵਲੀ 1970 ਦੇ ਨਿਯਮ 8 ਅਧੀਨ ਦੋਸ਼ ਸੂਚੀ ਜਾਰੀ ਕੀਤੀ ਗਈ ਸੀ।

ਸ਼੍ਰੀਮਤੀ ਹਰਪ੍ਰੀਤ ਕੌਰ, ਸ.ਸ. ਮਿਸਟ੍ਰੈਸ, ਸ.ਹ.ਸ ਕ੍ਰਿਸ਼ਨਪੁਰਾ ਕਲਾਂ, ਜ਼ਿਲ੍ਹਾ ਮੋਗਾ ਵੱਲੋਂ ਦੋਸ਼ ਸੂਚੀ ਦਾ ਉਤਰ ਪ੍ਰਾਪਤ ਨਾ ਹੋਣ ਕਾਰਨ, ਉਸ ਵਿਰੁੱਧ ਦੋਸ਼ ਸੂਚੀ ਵਿਚ ਲਗਾਏ ਗਏ ਦੋਸ਼ਾਂ ਦੀ ਸਚਾਈ ਜਾਨਣ ਲਈ ਇਸ ਦਫਤਰ ਦੇ ਪੱਤਰ ਨੰ: 6/289-2010 ਅ-2 (3) ਮਿਤੀ 09-09-11/ 22-12-11 ਰਾਂਹੀ ਸ਼੍ਰੀਮਤੀ ਹਰਵਿੰਦਰ ਪਾਲ ਕੌਰ, ਪ੍ਰਿੰਸੀਪਲ, ਸ.ਸ.ਸ.ਸ ਢੁੱਡੀਕੇ, ਜ਼ਿਲ੍ਹਾ ਮੋਗਾ ਨੂੰ ਪੜਤਾਲੀਆ ਅਫਸਰ ਨਿਯੁਕਤ ਕੀਤਾ ਗਿਆ ਸੀ। ਪੜਤਾਲੀਆ ਅਫਸਰ ਵੱਲੋਂ ਪ੍ਰਾਪਤ ਹੋਈ ਪੜਤਾਲ ਰਿਪੋਰਟ ਅਨੁਸਾਰ ਕਰਮਚਾਰਨ ਵਿਰੁੱਧ ਸਰਕਾਰੀ ਡਿਊਟੀ ਤੋ ਲਗਾਤਾਰ ਅਣ-ਅਧਿਕਾਰਤ ਤੌਰ ਤੇ ਗੈਰ ਹਾਜਰ ਰਹਿਣ ਦਾ ਦੋਸ਼ ਸਿੱਧ ਕੀਤਾ।

ਕੁਦਰਤੀ ਨਿਆਂ ਨੂੰ ਮੁੱਖ ਰੱਖਦੇ ਹੋਏ ਸ਼੍ਰੀਮਤੀ ਹਰਪ੍ਰੀਤ ਕੌਰ, ਸ.ਸ. ਮਿਸਟ੍ਰੈਸ, ਸ.ਹ.ਸ ਕ੍ਰਿਸ਼ਨਪੁਰਾ ਕਲਾਂ, ਜ਼ਿਲ੍ਹਾ ਮੋਗਾ ਨੂੰ ਆਪਣੀ ਡਿਊਟੀ ਤੋਂ ਅਣ-ਅਧਿਕਾਰਤ ਤੌਰ ਤੇ ਗੈਰ-ਹਾਜ਼ਰ ਰਹਿਣ ਕਾਰਨ ਮਿਤੀ 31-07-15 ਨੂੰ ਅਜੀਤ ਅਖਬਾਰ ਵਿਚ ਪਬਲਿਕ ਨੋਟਿਸ ਦਿੱਤਾ ਗਿਆ, ਜਿਸ ਵਿਚ ਇਸ ਕਰਮਚਾਰਨ ਦਾ ਨਾਂ ਲੜੀ ਨੰ: 9 ਤੇ ਸ਼ਾਮਲ ਹੈ। ਕਰਮਚਾਰਨ ਨੂੰ ਮੌਕਾ ਦਿੱਤਾ ਗਿਆ ਕਿ ਉਹ ਆਪਣੇ ਪੱਖ ਵਿਚ ਜੇਕਰ ਕੁਝ ਕਹਿਣਾ ਚਾਹੁੰਦੀ ਹੈ ਤਾਂ ਨੋਟਿਸ ਛੱਪਣ ਦੇ 21 ਦਿਨਾਂ ਦੇ ਅੰਦਰ ਅੰਦਰ ਡਾਇਰੈਕਟਰ ਸਿੱਖਿਆ ਵਿਭਾਗ (ਸੈ.ਸਿ.) ਪੰਜਾਬ ਪਾਸ ਹਾਜਰ ਹੋ ਕੇ ਆਪਣਾ ਪੱਖ ਪੇਸ਼ ਕਰੇ ਪਰੰਤੂ ਇਸ ਨੋਟਿਸ ਦੇ ਜਵਾਬ ਵਿਚ ਕਰਮਚਾਰਨ ਨੇ ਨਾ ਤਾਂ ਕੋਈ ਉਤਰ ਦਿੱਤਾ ਅਤੇ ਨਾ ਹੀ ਡਾਇਰੈਕਟਰ ਸਿੱਖਿਆ ਵਿਭਾਗ (ਸੈ.ਸਿ.) ਪੰਜਾਬ ਪਾਸ ਹਾਜਰ ਹੋ ਕੇ ਆਪਣਾ ਪੱਖ ਪੇਸ਼ ਕੀਤਾ। ਇਸ ਤੋ ਇਹ ਸਪਸ਼ਟ ਹੈ ਕਿ ਕਰਮਚਾਰਨ ਸਰਕਾਰੀ ਨੌਕਰੀ ਚਾਲੂ ਰੱਖਣ ਵਿਚ ਦਿਲਚਸਪੀ ਨਹੀ ਰੱਖਦੀ ਅਤੇ ਉਸਨੂੰ ਆਪਣੇ ਵਿਰੁੱਧ ਲੱਗੇ ਦੋਸ਼ਾਂ ਤੋਂ ਇਨਕਾਰੀ ਨਹੀਂ ਹੈ।

ਮੈਂ ਬਲਬੀਰ ਸਿੰਘ, ਡਾਇਰੈਕਟਰ ਸਿੱਖਿਆ ਵਿਭਾਗ (ਸੈ:ਸਿ:) ਪੰਜਾਬ, ਐਸ.ਏ.ਐਸ.ਨਗਰ ਸਮਰੱਥ ਅਧਿਕਾਰੀ ਹੋਣ ਦੇ ਨਾਤੇ ਸ਼੍ਰੀਮਤੀ ਹਰਪ੍ਰੀਤ ਕੌਰ, ਸ.ਸ. ਮਿਸਟ੍ਰੈਸ, ਸ.ਹ.ਸ ਕ੍ਰਿਸ਼ਨਪੁਰਾ ਕਲਾਂ, ਜ਼ਿਲ੍ਹਾ ਮੋਗਾ ਦੇ ਅਣ-ਅਧਿਕਾਰਤ ਤੌਰ ਤੇ ਮਿਤੀ 15-03-2004 ਤੋਂ ਹੁਣ ਤੱਕ ਅਣ-ਅਧਿਕਾਰਤ ਤੌਰ ਤੇ ਲਗਾਤਾਰ ਸਰਕਾਰੀ ਡਿਊਟੀ ਤੋ ਜਾਣਬੁੱਝ ਕੇ ਗੈਰ ਹਾਜਰ ਰਹਿਣ ਦੇ ਦੋਸ਼ ਕਾਰਨ ਪੰਜਾਬ ਸਿਵਲ ਸੇਵਾਵਾਂ (ਸਜ਼ਾ ਅਤੇ ਅਪੀਲ) ਨਿਯਮਾਂਵਲੀ 1970 ਦੇ ਨਿਯਮ 5 (viii) ਅਧੀਨ ਉਸ ਦੀਆਂ ਸੇਵਾਵਾਂ ਤਤਕਾਲ ਸਮੇਂ ਤੋਂ ਖਤਮ ਕਰਦਾ ਹਾਂ।

ਬਲਬੀਰ ਸਿੰਘ
ਡਾਇਰੈਕਟਰ ਸਿੱਖਿਆ ਵਿਭਾਗ (ਸੈ:ਸਿ:), ਪੰਜਾਬ।

ਪਿਠ ਅੰਕਣ ਨੰ: ਉਕਤ / 17208-12 ਮਿਤੀ, ਐਸ.ਏ.ਐਸ.ਨਗਰ : 8/9/15

ਉਤਾਰਾ ਹੇਠ ਲਿਖਿਆ ਨੂੰ ਸੂਚਨਾ ਅਤੇ ਯੋਗ ਕਾਰਵਾਈ ਹਿਤ ਭੇਜਿਆ ਜਾਂਦਾ ਹੈ:-

1. ਪ੍ਰਮੁੱਖ ਸਕੱਤਰ, ਪੰਜਾਬ ਸਰਕਾਰ, ਸਕੂਲ ਸਿਖਿਆ ਵਿਭਾਗ (ਸਿ-5 ਸ਼ਾਖਾ)।
2. ਮੰਡਲ ਸਿੱਖਿਆ ਅਫਸਰ, ਫਰੀਦਕੋਟ।
3. ਜਿਲਾ ਸਿੱਖਿਆ ਅਫਸਰ (ਸੈ:ਸਿ), ਮੋਗਾ ਨੂੰ ਭੇਜਕੇ ਲਿਖਿਆ ਜਾਂਦਾ ਹੈ ਕਿ ਕਰਮਚਾਰਨ ਦੀ ਸੇਵਾ ਪੱਤਰੀ ਵਿਚ ਲਾਲ ਸਿਆਹੀ ਨਾਲ ਸੇਵਾਵਾਂ ਖਤਮ ਕਰਨ ਸਬੰਧੀ ਇੰਦਰਾਜ ਕਰਵਾਉਣਾ ਯਕੀਨੀ ਬਣਾਇਆ ਜਾਵੇ ਅਤੇ ਇਸ ਪੱਤਰ ਦੀ ਪਹੁੰਚ ਰਸੀਦ ਭੇਜੀ ਜਾਵੇ।

ਰਜਿਸਟਰਡ 4. ਮੁੱਖ ਅਧਿਆਪਕ, ਸ.ਹ.ਸ ਕ੍ਰਿਸ਼ਨਪੁਰਾ ਕਲਾਂ, ਜ਼ਿਲ੍ਹਾ ਮੋਗਾ ਨੂੰ ਲਿਖਿਆ ਜਾਂਦਾ ਹੈ ਕਿ ਇਹ ਹੁਕਮ ਕਰਮਚਾਰਨ ਦੇ ਮੌਜੂਦਾ ਘਰ ਦੇ ਪਤੇ ਤੇ ਰਜਿਸਟਰਡ ਡਾਕ ਰਾਂਹੀ ਭੇਜੇ ਜਾਣ। ਕਰਮਚਾਰਨ ਦੀ ਸੇਵਾਪੱਤਰੀ ਵਿਚ ਲਾਲ ਸਿਆਹੀ ਨਾਲ ਇੰਦਰਾਜ ਕਰਕੇ ਤਸਦੀਕ ਸ਼ੁਦਾ ਕਾਪੀ ਇਸ ਦਫਤਰ ਨੂੰ ਭੇਜੀ ਜਾਵੇ। (ਨੱਥੀ:- ਸੇਵਾ ਪੱਤਰੀ)

5. ਸ਼੍ਰੀਮਤੀ ਹਰਪ੍ਰੀਤ ਕੌਰ, ਸ.ਸ. ਮਿਸਟ੍ਰੈਸ, ਸ.ਹ.ਸ ਕ੍ਰਿਸ਼ਨਪੁਰਾ ਕਲਾਂ, ਜ਼ਿਲ੍ਹਾ ਮੋਗਾ।

ਸੁਪਰਡੈਂਟ ਕੋਆਰਡੀਨੇਸ਼ਨ ਸੈਲ

## ਦਫਤਰ ਡਾਇਰੈਕਟਰ ਸਿੱਖਿਆ ਵਿਭਾਗ (ਸੈ.ਸਿ.) ਪੰਜਾਬ, ਐਸ.ਏ.ਐਸ.ਨਗਰ।

ਹੁਕਮ ਨੰ: 5/39-2011 ਅ-3 (2) (ਕੋ:ਸੈਲ (2) )
ਮਿਤੀ, ਐਸ.ਏ.ਐਸ.ਨਗਰ :- 27-08-15

ਸ਼੍ਰੀ ਗੁਰਬੀਰ ਸਿੰਘ, ਸਾਇੰਸ ਮਾਸਟਰ, ਸ.ਹ.ਸ ਘੋੜੇਵਾਹ, ਜ਼ਿਲਾ ਗਰਦਾਸਪੁਰ ਜੋ ਮਿਤੀ 01-01-2005 ਤੋਂ ਸਰਕਾਰੀ ਡਿਊਟੀ ਤੋਂ ਲਗਾਤਾਰ ਅਣ-ਅਧਿਕਾਰਤ ਤੌਰ ਤੇ ਗੈਰ ਹਾਜਰ ਚੱਲਿਆ ਆ ਰਿਹਾ ਹੈ, ਨੂੰ ਇਸ ਦਫਤਰ ਦੇ ਹੁਕਮ ਨੰ: 10/153-2006 ਅ-3 (2) ਮਿਤੀ 28-09-2006 ਰਾਹੀਂ ਪੰਜਾਬ ਸਿਵਲ ਸੇਵਾਵਾਂ (ਸਜ਼ਾ ਅਤੇ ਅਪੀਲ) ਨਿਯਾਂਮਾਵਲੀ 1970 ਦੀ ਧਾਰਾ 8 ਦੇ ਨਿਯਮ 5 (v ਤੋਂ ix) ਤਹਿਤ ਦੋਸ਼ ਸੂਚੀ ਜਾਰੀ ਕੀਤੀ ਗਈ ਸੀ।

ਸ਼੍ਰੀ ਗੁਰਬੀਰ ਸਿੰਘ, ਸਾਇੰਸ ਮਾਸਟਰ, ਸ.ਹ.ਸ ਘੋੜੇਵਾਹ, ਜ਼ਿਲਾ ਗਰਦਾਸਪੁਰ ਵੱਲੋ ਦੋਸ਼ ਸੂਚੀ ਦਾ ਉਤਰ ਪ੍ਰਾਪਤ ਨਾ ਹੋਣ ਕਾਰਨ, ਉਸ ਵਿਰੁੱਧ ਦੋਸ਼ ਸੂਚੀ ਵਿਚ ਲਗਾਏ ਗਏ ਦੋਸ਼ਾਂ ਦੀ ਸਚਾਈ ਜਾਨਣ ਲਈ ਇਸ ਦਫਤਰ ਦੇ ਹੁਕਮ ਨੰ: 5/39-2011 ਅ-3(2) ਮਿਤੀ 08-03-2011 ਰਾਂਹੀ ਸ਼੍ਰੀ ਦੀਦਾਰ ਸਿੰਘ, ਉਪ: ਜ਼ਿ:ਸਿ:ਅ (ਸੈਸਿ), ਗੁਰਦਾਸਪੁਰ ਨੂੰ ਪੜਤਾਲੀਆ ਅਫਸਰ ਨਿਯੁਕਤ ਕੀਤਾ ਗਿਆ ਸੀ। ਪੜਤਾਲੀਆ ਅਫਸਰ ਵੱਲੋਂ ਪ੍ਰਾਪਤ ਹੋਈ ਪੜਤਾਲ ਰਿਪੋਰਟ ਅਨੁਸਾਰ ਕਰਮਚਾਰੀ ਵਿਰੁੱਧ ਸਰਕਾਰੀ ਡਿਊਟੀ ਤੋ ਲਗਾਤਾਰ ਅਣ-ਅਧਿਕਾਰਤ ਤੌਰ ਤੇ ਗੈਰ ਹਾਜਰ ਰਹਿਣ ਦਾ ਦੋਸ਼ ਸਿੱਧ ਕੀਤਾ।

ਕੁਦਰਤੀ ਨਿਆਂ ਨੂੰ ਮੁੱਖ ਰੱਖਦੇ ਹੋਏ ਸ਼੍ਰੀ ਗੁਰਬੀਰ ਸਿੰਘ, ਸਾਇੰਸ ਮਾਸਟਰ, ਸ.ਹ.ਸ ਘੋੜੇਵਾਹ, ਜ਼ਿਲਾ ਗਰਦਾਸਪੁਰ ਨੂੰ ਆਪਣੀ ਡਿਊਟੀ ਤੋਂ ਅਣ-ਅਧਿਕਾਰਤ ਤੌਰ ਤੇ ਗੈਰ-ਹਾਜ਼ਰ ਰਹਿਣ ਕਾਰਨ ਮਿਤੀ 31-07-15 ਨੂੰ ਦ ਟ੍ਰਿਬਿਊਨ ਅਖਬਾਰ ਵਿਚ ਪਬਲਿਕ ਨੋਟਿਸ ਦਿੱਤਾ ਗਿਆ, ਜਿਸ ਵਿਚ ਲੜੀ ਨੰ:8 ਤੇ ਇਸ ਕਰਮਚਾਰੀ ਦਾ ਨਾਂ ਸ਼ਾਮਲ ਹੈ। ਕਰਮਚਾਰੀ ਨੂੰ ਮੌਕਾ ਦਿੱਤਾ ਗਿਆ ਕਿ ਉਹ ਆਪਣੇ ਪੱਖ ਵਿਚ ਜੇਕਰ ਕੁਝ ਕਹਿਣਾ ਚਾਹੁੰਦਾ ਹੈ ਤਾਂ ਨੋਟਿਸ ਛੱਪਣ ਦੇ 21 ਦਿਨਾਂ ਦੇ ਅੰਦਰ ਅੰਦਰ ਡਾਇਰੈਕਟਰ ਸਿੱਖਿਆ ਵਿਭਾਗ (ਸੈ.ਸਿ.) ਪੰਜਾਬ ਪਾਸ ਹਾਜਰ ਹੋ ਕੇ ਆਪਣਾ ਪੱਖ ਪੇਸ਼ ਕਰੇ ਪਰੰਤੂ ਇਸ ਨੋਟਿਸ ਦੇ ਜਵਾਬ ਵਿਚ ਕਰਮਚਾਰੀ ਨੇ ਨਾ ਤਾਂ ਕੋਈ ਉਤਰ ਦਿੱਤਾ ਅਤੇ ਨਾ ਹੀ ਡਾਇਰੈਕਟਰ ਸਿੱਖਿਆ ਵਿਭਾਗ (ਸੈ.ਸਿ.) ਪੰਜਾਬ ਪਾਸ ਹਾਜਰ ਹੋ ਕੇ ਆਪਣਾ ਪੱਖ ਪੇਸ਼ ਕੀਤਾ। ਇਸ ਤੋ ਇਹ ਸਪਸ਼ਟ ਹੈ ਕਿ ਕਰਮਚਾਰੀ ਸਰਕਾਰੀ ਨੌਕਰੀ ਚਾਲੂ ਰੱਖਣ ਵਿਚ ਦਿਲਚਸਪੀ ਨਹੀ ਰੱਖਦਾ ਅਤੇ ਉਸਨੂੰ ਆਪਣੇ ਵਿਰੁੱਧ ਲੱਗੇ ਦੋਸ਼ਾਂ ਤੋਂ ਇਨਕਾਰੀ ਨਹੀਂ ਹੈ।

ਮੈਂ ਬਲਬੀਰ ਸਿੰਘ, ਡਾਇਰੈਕਟਰ ਸਿੱਖਿਆ ਵਿਭਾਗ (ਸੈ:ਸਿ:) ਪੰਜਾਬ, ਐਸ.ਏ.ਐਸ.ਨਗਰ ਸਮਰੱਥ ਅਧਿਕਾਰੀ ਹੋਣ ਦੇ ਨਾਤੇ ਸ਼੍ਰੀ ਗੁਰਬੀਰ ਸਿੰਘ, ਸਾਇੰਸ ਮਾਸਟਰ, ਸ.ਹ.ਸ ਘੋੜੇਵਾਹ, ਜ਼ਿਲਾ ਗਰਦਾਸਪੁਰ ਦੇ ਅਣ-ਅਧਿਕਾਰਤ ਤੌਰ ਤੇ ਮਿਤੀ 01-01-2005 ਤੋਂ ਹੁਣ ਤੱਕ ਲਗਾਤਾਰ ਸਰਕਾਰੀ ਡਿਊਟੀ ਤੋ ਜਾਣਬੁੱਝ ਕੇ ਗੈਰ ਹਾਜਰ ਰਹਿਣ ਦੇ ਦੋਸ਼ ਕਾਰਨ ਪੰਜਾਬ ਸਿਵਲ ਸੇਵਾਵਾਂ (ਸਜ਼ਾ ਅਤੇ ਅਪੀਲ) ਨਿਯਮਾਂਵਲੀ 1970 ਦੇ ਨਿਯਮ 5 (viii) ਅਧੀਨ ਉਸ ਦੀਆਂ ਸੇਵਾਵਾਂ ਤਤਕਾਲ ਸਮੇਂ ਤੋਂ ਖਤਮ ਕਰਦਾ ਹਾਂ।

ਬਲਬੀਰ ਸਿੰਘ
ਡਾਇਰੈਕਟਰ ਸਿੱਖਿਆ ਵਿਭਾਗ (ਸੈ:ਸਿ:), ਪੰਜਾਬ।

ਪਿਠ ਅੰਕਣ ਨੰ: ਉਕਤ / 17364-67 ਮਿਤੀ, ਐਸ.ਏ.ਐਸ.ਨਗਰ : 9/9/15

ਉਤਾਰਾ ਹੇਠ ਲਿਖਿਆ ਨੂੰ ਸੂਚਨਾ ਅਤੇ ਯੋਗ ਕਾਰਵਾਈ ਹਿਤ ਭੇਜਿਆ ਜਾਂਦਾ ਹੈ:-

1. ਮੰਡਲ ਸਿੱਖਿਆ ਅਫਸਰ, ਜਲੰਧਰ।
2. ਜਿਲਾ ਸਿੱਖਿਆ ਅਫਸਰ (ਸੈ:ਸਿ), ਗੁਰਦਾਸਪੁਰ ਨੂੰ ਭੇਜਕੇ ਲਿਖਿਆ ਜਾਂਦਾ ਹੈ ਕਿ ਕਰਮਚਾਰੀ ਦੀ ਸੇਵਾ ਪੱਤਰੀ ਵਿਚ ਲਾਲ ਸਿਆਹੀ ਨਾਲ ਸੇਵਾਵਾਂ ਖਤਮ ਕਰਨ ਸਬੰਧੀ ਇੰਦਰਾਜ ਕਰਵਾਉਣਾ ਯਕੀਨੀ ਬਣਾਇਆ ਜਾਵੇ ਅਤੇ ਇਸ ਪੱਤਰ ਦੀ ਪਹੁੰਚ ਰਸੀਦ ਭੇਜੀ ਜਾਵੇ।
3. (ਰਜਿਸਟਰਡ) ਮੁੱਖ ਅਧਿਆਪਕ, ਸ.ਹ.ਸ ਘੋੜੇਵਾਹ, ਜ਼ਿਲਾ ਗਰਦਾਸਪੁਰ ਨੂੰ ਲਿਖਿਆ ਜਾਂਦਾ ਹੈ ਕਿ ਇਹ ਹੁਕਮ ਕਰਮਚਾਰੀ ਦੇ ਮੌਜੂਦਾ ਘਰ ਦੇ ਪਤੇ ਤੇ ਰਜਿਸਟਰਡ ਡਾਕ ਰਾਂਹੀ ਭੇਜੇ ਜਾਣ। ਕਰਮਚਾਰੀ ਦੀ ਸੇਵਾਪੱਤਰੀ ਵਿਚ ਲਾਲ ਸਿਆਹੀ ਨਾਲ ਇੰਦਰਾਜ ਕਰਕੇ ਤਸਦੀਕ ਸ਼ੁਦਾ ਕਾਪੀ ਇਸ ਦਫਤਰ ਨੂੰ ਭੇਜੀ ਜਾਵੇ। (ਨੱਥੀ:- ਸੇਵਾ ਪੱਤਰੀ)।
4. ਸ਼੍ਰੀ ਗੁਰਬੀਰ ਸਿੰਘ, ਸਾਇੰਸ ਮਾਸਟਰ, ਸ.ਹ.ਸ ਘੋੜੇਵਾਹ, ਜ਼ਿਲਾ ਗਰਦਾਸਪੁਰ।

ਸੁਪਰਡੈਂਟ ਕੋਆਰਡੀਨੇਸ਼ਨ ਸੈਲ